ਖੰਨਾ
ਅਜੀਤ ਜਲੰਧਰ
ਅਜੀਤ
ਸੋਮਵਾਰ, 9 ਦਸੰਬਰ 2024

ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ



ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ **9 ਦਸੰਬਰ** ਨੂੰ ਸ਼ਾਮ 4.00 ਤੋਂ 6.00 ਵਜੇ ਤੱਕ **ਭਾਈ ਸ਼ੌਕੀਨ ਸਿੰਘ** ਅਤੇ **10 ਦਸੰਬਰ** ਨੂੰ ਸਵੇਰੇ 4.00 ਤੋਂ 6.00 ਵਜੇ ਤੱਕ **ਭਾਈ ਦਵਿੰਦਰ ਸਿੰਘ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 9 **ਦਸੰਬਰ** ਨੂੰ ਸ਼ਾਮ 4.30 ਤੋਂ 6.30 ਵਜੇ ਤੱਕ **ਭਾਈ ਸ਼ੌਕੀਨ ਸਿੰਘ** ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਸਾਹਿਬ ਸਿੰਘ** ਤੇ **10 ਦਸੰਬਰ** ਨੂੰ ਸਵੇਰੇ 4.00 ਵਜੇ ਤੋਂ 7.45 ਵਜੇ ਤੱਕ **ਭਾਈ ਦਵਿੰਦਰ ਸਿੰਘ** ਅਤੇ **ਭਾਈ ਗੁਰਸੇਵਕ ਸਿੰਘ** ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 4.00 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 5.30 ਵਜੇ ਤੋਂ 7.30 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।

ਮੁੱਖ ਵਾਕ ਦੀ ਕਥਾ : 9 ਦਸੰਬਰ ਨੂੰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਤੇ 10 ਦਸੰਬਰ ਨੂੰ ਗਿਆਨੀ ਗੁਰਲਾਲ ਸਿੰਘ ਮੀਰੀਕੋਟ, ਗੁ: ਮੰਜੀ ਸਾਹਿਬ ਦੀਵਾਨ ਹਾਲ, ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਸਵ: ਗੁਰਬਖ਼ਸ਼ ਸਿੰਘ ਧਾਲੀਵਾਲ ਤੁਗਲ ਨੂੰ ਸ਼ਰਧਾਂਜਲੀਆਂ ਭੇਟ

ਗੁਰੂਸਰ ਸੁਧਾਰ, 8 ਦਸੰਬਰ (ਬਲਵਿੰਦਰ ਸਿੰਘ ਧਾਲੀਵਾਲ)-ਬੀਤੇ ਦਿਨੀਂ ਅਕਾਲ ਚਲਾਣਾ ਕਰ ਗਏ ਸਾਬਕਾ ਸਰਪੰਚ ਤੇ ਸੰਮਤੀ ਮੈਂਬਰ ਸ: ਗੁਰਬਖ਼ਸ਼ ਸਿੰਘ ਧਾਲੀਵਾਲ ਨਮਿਤ ਸ਼ਰਧਾਂਜਲੀ ਸਮਾਗਮ ਪਿੰਡ ਤੁਗਲ ਦੇ ਗੁਰਦੁਆਰਾ ਛਪੜੀ ਸਾਹਿਬ ਪਾਤਿਸ਼ਾਹੀ ਛੇਵੀਂ ਵਿਖੇ ਹੋਇਆ। ਬੀਤੇ ਦਿਨਾਂ ਤੋਂ ਪ੍ਰਕਾਸ਼ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਪਾਏ ਜਾਣ ਤੋਂ ਇਲਾਵਾ ਕੀਰਤਨੀ ਜਥੇ ਵਲੋਂ ਗੁਰਬਾਣੀ ਦਾ ਵੈਰਾਗਮਈ ਕੀਰਤਨ ਕੀਤਾ। ਅੰਤਿਮ ਅਰਦਾਸ ਉਪਰੰਤ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਯੂਥ ਕਾਂਗਰਸੀ ਆਗੂ ਕਾਮਿਲ ਅਮਰ ਸਿੰਘ ਨੇ ਕਿਹਾ ਕਿ ਪਿੰਡ ਤੁਗਲ ਤੇ ਹਲਕਾ ਰਾਏਕੋਟ ਅੰਦਰ ਸ: ਗੁਰਬਖ਼ਸ਼ ਸਿੰਘ ਧਾਲੀਵਾਲ ਦੀ ਆਪਣੀ ਇਕ ਵੱਖਰੀ ਪਹਿਚਾਣ ਸੀ ਕਿਉਂਕਿ ਰਾਜਨੀਤੀ ਅੰਦਰ ਅਸੂਲਾਂ 'ਤੇ ਪਹਿਰਾ ਦੇਣ ਵਾਲੇ ਸਵ: ਗੁਰਬਖ਼ਸ਼ ਸਿੰਘ ਚੱਟਾਨ ਵਾਂਗ ਖੜ੍ਹਨ ਵਾਲਾ ਵਿਅਕਤੀ ਸੀ ਤੇ ਉਸ ਦੇ ਅਕਾਲ ਚਲਾਣੇ ਨਾਲ ਕਾਂਗਰਸ ਪਾਰਟੀ ਤੇ ਪਰਿਵਾਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਭਾਜਪਾ ਜਰਨਲ ਸਕੱਤਰ ਲਖਵਿੰਦਰ ਸਿੰਘ ਸਪਰਾ, ਬਲਾਕ ਕਾਂਗਰਸ ਪ੍ਰਧਾਨ ਜਗਦੀਪ ਸਿੰਘ ਬਿੱਟੂ, ਜਥੇਦਾਰ ਰਾਜਵਿੰਦਰ ਸਿੰਘ ਹਿੱਸੋਵਾਲ, ਪੰਚਾਇਤ ਯੂਨੀਅਨ ਪ੍ਰਧਾਨ ਪਰਮਜੀਤ ਸਿੰਘ ਟੂਸਾ, ਸੁਖਪਾਲ ਸਿੰਘ ਗੋਂਦਵਾਲ, ਦਸਮੇਸ਼ ਕਿਸਾਨ ਮਜ਼ਦੂਰ ਯੂਨੀਅਨ ਦੇ ਜਸਦੇਵ ਸਿੰਘ ਲਲਤੋਂ, ਕਾਂਗਰਸ ਦੇ ਜ਼ਿਲ੍ਹਾ ਲੁਧਿਆਣਾ ਸਾਬਕਾ ਪ੍ਰਧਾਨ ਗੁਰਦੇਵ ਸਿੰਘ ਲਾਪਰਾਂ, ਪਰਮਜੀਤ ਸਿੰਘ ਸਿੱਧਵਾਂ ਆਦਿ ਬੁਲਾਰਿਆਂ ਨੇ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਰਾਜਸੀ ਤੌਰ 'ਤੇ ਚੇਤੰਨ ਸ਼ਖ਼ਸੀਅਤ ਗੁਰਬਖ਼ਸ਼ ਸਿੰਘ ਤੁਗਲ ਸੱਚੀ, ਸੁੱਚੀ ਸਿਆਸਤ ਕਰਨ ਦੇ ਨਾਲ-ਨਾਲ ਗਰੀਬਾਂ ਤੇ ਮਜ਼ਦੂਰਾਂ ਦੇ ਹੱਕਾਂ ਲਈ ਸਰਕਾਰਾਂ ਨਾਲ ਟੱਕਰ ਲੈਂਦਾ ਸੀ। ਵੱਖ-ਵੱਖ ਸ਼ਖ਼ਸੀਅਤਾਂ ਨੇ ਇਸ ਮੌਕੇ ਸਵ: ਧਾਲੀਵਾਲ ਦੀ ਪਤਨੀ ਅਮਰਜੀਤ ਕੌਰ, ਧੀ ਰਾਜਵੀਰ ਕੌਰ, ਦਾਮਾਦ ਜਸਮੀਤ ਸਿੰਘ, ਗੁਰਬੰਤ ਸਿੰਘ ਧਾਲੀਵਾਲ, ਜੋਰਾ ਸਿੰਘ ਧਾਲੀਵਾਲ, ਸੁਰਜੀਤ ਸਿੰਘ ਧਾਲੀਵਾਲ (ਤਿੰਨੇ ਭਰਾਵਾਂ) ਨਾਲ ਦੁੱਖ ਸਾਂਝਾ ਕਰਦਿਆਂ ਪ੍ਰਮਾਤਮਾ ਦਾ ਭਾਣਾ ਮੰਨਣ ਦੀ ਗੱਲ ਆਖੀ। ਸਟੇਜ ਸੰਚਾਲਨ ਲਖਵਿੰਦਰ ਸਿੰਘ ਸਪਰਾ ਵਲੋਂ ਕੀਤਾ ਗਿਆ। ਇਸ ਮੌਕੇ ਜਥੇਦਾਰ ਜਸਵਿੰਦਰ ਸਿੰਘ ਧਾਲੀਵਾਲ, ਸਾਬਕਾ ਸਰਪੰਚ ਗੁਰਮੀਤ ਸਿੰਘ ਐਤੀਆਣਾ, ਸੁੱਚਾ ਸਿੰਘ ਤੁਗਲ, ਸਰਪੰਚ ਇਕਬਾਲ ਸਿੰਘ ਨੱਤ, ਚੇਅਰਮੈਨ ਹਰਨੇਕ ਸਿੰਘ, ਸਰਪੰਚ ਹਰਜਿੰਦਰ ਕੌਰ ਸੁਧਾਰ (ਪੱਤੀ ਗਿੱਲ), ਜਥੇਦਾਰ ਇੰਦਰਜੀਤ ਸਿੰਘ ਗਿੱਲ, ਪ੍ਰਧਾਨ ਪਵਨਜੀਤ ਸਿੰਘ ਗਿੱਲ, ਮਾ: ਜਸਵੀਰ ਸਿੰਘ ਅਕਾਲਗੜ੍ਹ, ਹਰਵਿੰਦਰ ਸਿੰਘ ਲਿੱਟ ਸਹੌਲੀ, ਸੰਜੀਵ ਕੁਮਾਰ ਬੱਬੂ, ਬਲੌਰ ਸਿੰਘ ਜਲਾਲਦੀਵਾਲ, ਸਾਬਕਾ ਸਰਪੰਚ ਹਰਮਿੰਦਰ ਪੱਪ, ਮੈਂਬਰ ਜ਼ਿਲ੍ਹਾ ਪ੍ਰੀਸ਼ਦ ਕਮਲਜੀਤ ਕੌਰ ਹਿੱਸੋਵਾਲ, ਪ੍ਰਧਾਨ ਜਸਮੇਲ ਸਿੰਘ ਨੱਤ, ਕਮਿੱਕਰ ਸਿੰਘ ਅੱਬੂਵਾਲ, ਸਾਬਕਾ ਸਰਪੰਚ ਤਰਸੇਮ ਸਿੰਘ ਮਾਨ ਆਦਿ ਸਮੇਤ ਇਲਾਕੇ ਭਰ 'ਚੋਂ ਪੰਚ, ਸਰਪੰਚ ਤੇ ਪਤਵੰਤੇ ਸੱਜਣ ਭਾਗੀ ਗਿਣਤੀ ਅੰਦਰ ਹਾਜ਼ਰ ਸਨ।

ਪਿੰਡ ਤੁਗਲ ਵਿਖੇ ਸਾਬਕਾ ਸਰਪੰਚ ਤੇ ਸੰਮਤੀ ਮੈਂਬਰ ਸਵ: ਗੁਰਬਖ਼ਸ਼ ਸਿੰਘ ਧਾਲੀਵਾਲ ਨੂੰ ਸ਼ਰਧਾਂਜਲੀ ਭੇਟ ਕਰਦੇ ਵੱਖ-ਵੱਖ ਬੁਲਾਰੇ। ਤਸਵੀਰਾਂ : ਬਲਵਿੰਦਰ ਸਿੰਘ ਧਾਲੀਵਾਲ

ਜਥੇ. ਰਘਵੀਰ ਸਿੰਘ ਸਹਾਰਨ ਮਾਜਰਾ ਦੇ ਭਰਾ ਮੋਹਣ ਸਿੰਘ ਪੰਧੇਰ ਦੇ ਦਿਹਾਂਤ 'ਤੇ ਆਗੂਆਂ ਵਲੋਂ ਦੁੱਖ ਪ੍ਰਗਟ

ਮਲੌਦ, 8 ਦਸੰਬਰ (ਸਹਾਰਨ ਮਾਜਰਾ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਅੰਤ੍ਰਿੰਗ ਕਮੇਟੀ ਮੈਂਬਰ ਤੇ ਸਾਬਕਾ ਜ਼ਿਲ੍ਹਾ ਪ੍ਰਧਾਨ ਜਥੇ. ਰਘਵੀਰ ਸਿੰਘ ਸਹਾਰਨ ਮਾਜਰਾ ਦੇ ਵੱਡੇ ਭਰਾ ਮੋਹਣ ਸਿੰਘ ਪੰਧੇਰ (80) ਦਾ ਕੁਝ ਸਮਾਂ ਬਿਮਾਰ ਹੋਣ ਪਿੱਛੋਂ ਅਚਾਨਕ ਹੀ ਦਿਹਾਂਤ ਹੋ ਗਿਆ ਸੀ। ਉਨ੍ਹਾਂ ਬਹੁਤ ਲੰਮਾ ਸਮਾਂ ਭਾਰਤੀ ਏਅਰ ਫੋਰਸ ਵਿਚ ਬਾਖ਼ੂਬੀ ਸੇਵਾਵਾਂ ਨਿਭਾਈਆਂ। ਸੇਵਾਮੁਕਤੀ ਉਪਰੰਤ ਇਕ ਸਫਲ ਕਿਸਾਨ ਵਜੋਂ ਬਹੁਤ ਮਿਹਨਤ ਮਸ਼ੱਕਤ ਨਾਲ ਖੇਤੀ ਅਤੇ ਡੇਅਰੀ ਧੰਦੇ ਅਪਣਾ ਕੇ ਦੋਵਾਂ ਖੇਤਰਾਂ 'ਚ ਆਪਣਾ ਨਾਂਅ ਕਮਾਇਆ। ਸਹਿਕਾਰਤਾ ਲਹਿਰ ਨਾਲ ਜੁੜ ਕੇ ਮੋਹਣ ਸਿੰਘ ਪੰਧੇਰ ਨੇ ਮਾਡਰਨ ਖੇਤੀ ਕਰਦਿਆਂ ਕਿਸਾਨ ਵਰਗ ਲਈ ਪ੍ਰੇਰਨਾ ਸ੍ਰੋਤ ਦਾ ਕੰਮ ਕੀਤਾ। ਉਹ ਆਪਣੇ ਪਿੱਛੇ ਸਪੁੱਤਰ ਅਮਰਦੀਪ ਸਿੰਘ ਪੰਧੇਰ, ਸਪੁੱਤਰ ਇੰਸਪੈਕਟਰ ਪੁਲਿਸ ਇੰਦਰਜੀਤ ਸਿੰਘ ਪੰਧੇਰ, ਭਤੀਜਾ ਜਗਜੀਤ ਸਿੰਘ ਜੱਗੀ ਠੇਕੇਦਾਰ ਸਮੇਤ ਪੂਰੇ ਪੰਧੇਰ ਪਰਿਵਾਰ ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਸੰਤ ਬੇਅੰਤ ਸਿੰਘ ਲੰਗਰਾਂ ਵਾਲੇ ਬੇਰ ਕਲਾਂ, ਸੰਤ ਸੁਖਦੇਵ ਸਿੰਘ ਬੇਰ ਕਲਾਂ ਕਾਰ ਸੇਵਾ ਵਾਲੇ, ਸੰਤ ਓਂਕਾਰ ਸਿੰਘ ਸੰਤ ਭਵਨ ਕੁਟੀਆ ਬੇਰ ਖ਼ੁਰਦ, ਸ਼੍ਰੋਮਣੀ ਕਮੇਟੀ ਮੈਂਬਰ ਜਥੇ. ਹਰਪਾਲ ਸਿੰਘ ਜੱਲ੍ਹਾ, ਸੀਨੀਅਰ ਮੀਤ ਪ੍ਰਧਾਨ ਇੰਜ. ਜਗਦੇਵ ਸਿੰਘ ਬੋਪਾਰਾਏ ਪਾਇਲ, ਸੀ. ਆਗੂ ਮਾਨ ਸਿੰਘ ਗਰਚਾ, ਮਾ. ਮਲਕੀਤ ਸਿੰਘ ਸਹਾਰਨ ਮਾਜਰਾ, ਡਾ. ਮੱਘਰ ਸਿੰਘ ਕਾਲੀਆ, ਚੇਅਰਮੈਨ ਵਰਿੰਦਰਪ੍ਰੀਤ ਸਿੰਘ ਵਿੱਕੀ ਬੇਰ ਕਲਾਂ, ਚੇਅਰਮੈਨ ਅਮਰੀਕ ਸਿੰਘ ਰੋੜੀਆਂ, ਜਥੇ. ਜੋਰਾ ਸਿੰਘ ਸਹਾਰਨ ਮਾਜਰਾ, ਡਾ. ਕਰਨੈਲ ਸਿੰਘ ਕਾਲੀਆ, ਸਰਕਲ ਪ੍ਰਧਾਨ ਪ੍ਰਿਤਪਾਲ ਸਿੰਘ ਝੰਮਟ, ਕੌਮੀ ਬੁਲਾਰੇ ਜਗਦੀਪ ਸਿੰਘ ਲਹਿਲ, ਜੱਗਾ ਸਿੰਘ ਪੰਧੇਰ, ਡਾ. ਜਸਵਿੰਦਰ ਸਿੰਘ, ਸਰਪੰਚ ਬੀਬੀ ਬਲਵਿੰਦਰ ਕੌਰ ਸਹਾਰਨ ਮਾਜਰਾ, ਹਰਜੀਵਨ ਸਿੰਘ ਸਹਾਰਨ ਮਾਜਰਾ, ਚੇਅਰਮੈਨ ਗੁਰਜੀਤ ਸਿੰਘ ਪੰਧੇਰਖੇੜੀ, ਅਮਰ ਸਿੰਘ ਰੌਸ਼ੀਆਨਾ, ਜੱਸੀ ਕੁਲਾਹੜ, ਇੰਜ. ਹਰਮਿੰਦਰ ਸਿੰਘ ਸਹਾਰਨ ਮਾਜਰਾ, ਪ੍ਰਿੰਸੀਪਲ ਸੰਜੀਵ ਮੋਦਗਿਲ, ਠੇਕੇਦਾਰ ਹਰਦੇਵ ਸਿੰਘ ਸਿਆੜ ਸਮੇਤ ਵੱਡੀ ਗਿਣਤੀ ਸਨੇਹੀਆਂ ਅਤੇ ਰਾਜਨੀਤਕ ਆਗੂਆਂ ਵਲੋਂ ਡੂੰਘੇ ਦੁੱਖ ਦਾ ਇਜ਼ਹਾਰ ਕੀਤਾ ਗਿਆ।

ਸੁਖਬੀਰ 'ਤੇ ਹੋਏ ਜਾਨਲੇਵਾ ਹਮਲੇ ਦੀ ਸੀ. ਬੀ. ਆਈ. ਜਾਂਚ ਕਰਵਾਈ ਜਾਵੇ-ਚੇਅਰਮੈਨ ਸਹਿਬਾਜ਼ਪੁਰਾ

ਰਾਏਕੋਟ, 8 ਦਸੰਬਰ (ਬਲਵਿੰਦਰ ਸਿੰਘ ਲਿੱਤਰ)-ਪਿਛਲੇ ਦਿਨੀਂ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਪ੍ਰਧਾਨ ਤੇ ਸਾਬਕਾ ਉੱਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ 'ਤੇ ਹੋਏ ਜਾਨਲੇਵਾ ਹਮਲੇ ਦੀ ਚਾਰ-ਚੁਫੇਰਿਉਂ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਜਾ ਰਹੀ ਹੈ। ਇਸ ਮੌਕੇ ਵਿਧਾਨ ਸਭਾ ਹਲਕਾ ਰਾਏਕੋਟ ਦੇ ਸੀਨੀਅਰ ਅਕਾਲੀ ਆਗੂ, ਸਾਬਕਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਤੇ ਮਾਰਕੀਟ ਕਮੇਟੀ ਰਾਏਕੋਟ ਦੇ ਸਾਬਕਾ ਚੇਅਰਮੈਨ ਅਮਰਜੀਤ ਸਿੰਘ ਸਹਿਬਾਜ਼ਪੁਰਾ ਨੇ ਆਖਿਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵਲੋਂ ਲਗਾਈ ਗਈ ਧਾਰਮਿਕ ਸਜ਼ਾ ਵਜੋਂ ਸੇਵਾ ਕਰ ਰਹੇ ਸੁਖਬੀਰ ਸਿੰਘ ਬਾਦਲ ਉੱਪਰ ਜਾਨਲੇਵਾ ਹਮਲਾ ਅਤਿ ਨਿੰਦਣਯੋਗ ਹੈ। ਉਨ੍ਹਾਂ ਆਖਿਆ ਕਿ ਸੂਬੇ ਦੀ ਸੱਤ੍ਹਾਧਾਰੀ ਧਿਰ ਦੇ ਕਾਰਜਕਾਲ ਦੌਰਾਨ ਪੰਜਾਬ ਵਿਚ ਅਮਨ-ਕਾਨੂੰਨ ਦੀ ਸਥਿਤੀ ਪੂਰੀ ਤਰ੍ਹਾਂ ਨਾਜ਼ੁਕ ਹੋ ਚੁੱਕੀ ਹੈ। ਉਨ੍ਹਾਂ ਮੰਗ ਕੀਤੀ ਕਿ ਇਸ ਮਾਮਲੇ ਦੀ ਸੀ.ਬੀ.ਆਈ ਤੋਂ ਜਾਂਚ ਕਰਵਾਈ ਜਾਵੇ। ਹਮਲੇ ਦੀ ਗੁਰਦੁਆਰਾ ਕਮੇਟੀ ਪ੍ਰਧਾਨ ਜਗਸੀਰ ਸਿੰਘ ਗਰੇਵਾਲ, ਮੱਘਰ ਸਿੰਘ ਸਹਿਬਾਜ਼ਪੁਰਾ, ਕੁਲਦੀਪ ਸਿੰਘ ਉੱਪਲ, ਬ੍ਰਹਮਜੀਤ ਸਿੰਘ ਉੱਪਲ, ਕਰਮਜੀਤ ਸਿੰਘ ਚੀਮਾ, ਸੂਬੇਦਾਰ ਸਤਪਾਲ ਸਿੰਘ ਸਹਿਬਾਜ਼ਪੁਰਾ, ਅਜਮੇਰ ਸਿੰਘ, ਗੁਰਪ੍ਰੀਤ ਸਿੰਘ ਉੱਪਲ, ਨਿਰਮਲ ਸਿੰਘ ਨਿੰਬੂ, ਰਣਜੀਤ ਸਿੰਘ ਉੱਪਲ, ਕੇਸਰ ਸਿੰਘ, ਸੰਤੋਖ ਸਿੰਘ, ਪ੍ਰਧਾਨ ਜਸਵੀਰ ਕੌਰ ਆਦਿ ਨੇ ਨਿੰਦਾ ਕੀਤੀ।

ਸ਼ੱਕੀ ਹਾਲਤ 'ਚ 13 ਸਾਲ ਦੀ ਲੜਕੀ ਲਾਪਤਾ

ਲੁਧਿਆਣਾ, 8 ਦਸੰਬਰ (ਪਰਮਿੰਦਰ ਸਿੰਘ ਆਹੂਜਾ)-ਥਾਣਾ ਸਰਾਭਾ ਨਗਰ ਦੇ ਘੇਰੇ ਅੰਦਰ ਪੈਂਦੇ ਇਲਾਕੇ ਭਾਈ ਰਣਧੀਰ ਸਿੰਘ ਨਗਰ 'ਚ ਸ਼ੱਕੀ ਹਾਲਤ 'ਚ 13 ਸਾਲ ਦੀ ਲੜਕੀ ਦੇ ਲਾਪਤਾ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਜਾਣਕਾਰੀ ਅਨੁਸਾਰ ਪੁਲਿਸ ਵਲੋਂ ਇਸ ਸੰਬੰਧੀ ਸੰਤੋਸ਼ ਕੁਮਾਰ ਵਾਸੀ ਪਿੰਡ ਬਰੀਕੇ ਦੀ ਸ਼ਿਕਾਇਤ 'ਤੇ ਕੇਸ ਦਰਜ ਕਰ ਲਿਆ। ਪੁਲਿਸ ਕੋਲ ਲਿਖਵਾਈ ਮੁੱਢਲੀ ਰਿਪੋਰਟ 'ਚ ਸ਼ਿਕਾਇਤਕਰਤਾ ਨੇ ਦੱਸਿਆ ਕਿ ਬੀਤੇ ਦਿਨ ਉਸ ਦੀ ਲੜਕੀ ਘਰੋਂ ਗਈ ਪਰ ਵਾਪਸ ਨਹੀਂ ਆਈ ਲੜਕੀ ਦੀ ਉਸ ਨੇ ਕਾਫ਼ੀ ਭਾਲ ਕੀਤੀ, ਪਰ ਲੜਕੀ ਦਾ ਕਿਧਰੇ ਪਤਾ ਨਹੀਂ ਲੱਗਾ। ਉਸ ਸ਼ੱਕ ਪ੍ਰਗਟ ਕੀਤਾ ਕਿ ਲੜਕੀ ਨੂੰ ਕੁਝ ਵਿਅਕਤੀਆਂ ਵਲੋਂ ਨਾਜਾਇਜ਼ ਹਿਰਾਸਤ ਵਿਚ ਰੱਖਿਆ ਗਿਆ ਹੈ। ਪੁਲਿਸ ਵਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਪਰ ਪੁਲਿਸ ਨੂੰ ਹਾਲ ਦੀ ਘੜੀ ਸਫਲਤਾ ਨਹੀਂ ਮਿਲੀ ਹੈ।

ਨਾਜਾਇਜ਼ ਪਿਸਤੌਲ ਸਮੇਤ ਨੌਜਵਾਨ ਕਾਬੂ

ਲੁਧਿਆਣਾ, 8 ਦਸੰਬਰ (ਪਰਮਿੰਦਰ ਸਿੰਘ ਆਹੂਜਾ)-ਪੁਲਿਸ ਨੇ ਨਾਜਾਇਜ਼ ਪਿਸਤੌਲ ਸਮੇਤ ਇਕ ਨੌਜਵਾਨ ਨੂੰ ਕਾਬੂ ਕੀਤਾ ਹੈ। ਕਾਬੂ ਕੀਤੇ ਕਥਿਤ ਦੋਸ਼ੀ ਦੀ ਸ਼ਨਾਖ਼ਤ ਮੁਹੰਮਦ ਨੌਸ਼ਾਦ ਵਾਸੀ ਪ੍ਰਤਾਪ ਨਗਰ ਵਜੋਂ ਕੀਤੀ ਗਈ ਹੈ। ਪੁਲਿਸ ਨੇ ਉਸ ਨੂੰ ਬਹਾਦਰ ਕੇ ਰੋਡ ਤੋਂ ਕਾਬੂ ਕੀਤਾ ਹੈ, ਉਸ ਦੇ ਕਬਜ਼ੇ 'ਚੋਂ ਇਕ 312 ਦਾ ਪਿਸਤੌਲ ਤੇ ਇਕ ਰੌਂਦ ਬਰਾਮਦ ਕੀਤਾ ਹੈ। ਪੁਲਿਸ ਵਲੋਂ ਉਸ ਖ਼ਿਲਾਫ਼ ਕੇਸ ਦਰਜ ਕਰ ਲਿਆ ਹੈ।

ਬਲਬੀਰ ਸਿੰਘ ਭਾਟੀਆ (ਅੰਮ੍ਰਿਤ ਸਾਗਰ) ਨੂੰ ਸਦਮਾ, ਭੈਣ ਪਰਮਜੀਤ ਕੌਰ ਮੋਗਾ ਦਾ ਦਿਹਾਂਤ

ਲੁਧਿਆਣਾ, 8 ਦਸੰਬਰ (ਪਰਮਿੰਦਰ ਸਿੰਘ ਆਹੂਜਾ)-ਅੰਮ੍ਰਿਤ ਸਾਗਰ ਕੰਪਨੀ ਦੇ ਪ੍ਰਮੁੱਖ ਬਲਬੀਰ ਸਿੰਘ ਭਾਟੀਆ ਨੂੰ ਉਸ ਵੇਲੇ ਗਹਿਰਾ ਸਦਮਾ ਪੁੱਜਿਆ ਜਦੋਂ ਉਨ੍ਹਾਂ ਦੀ ਭੈਣ ਪਰਮਜੀਤ ਕੌਰ ਮੋਗਾ (ਸੁਪਤਨੀ ਰਘੁਬੀਰ ਸਿੰਘ ਮੋਗਾ) ਅਕਾਲ ਪੁਰਖ ਵਲੋਂ ਬਖਸ਼ੀ ਹੋਈ ਸਵਾਸਾਂ ਦੀ ਪੂੰਜੀ ਨੂੰ ਭੋਗਦੇ ਹੋਏ ਅਚਾਨਕ ਅਕਾਲ ਚਲਾਣਾ ਕਰ ਗਏ। ਸੋਗਮਈ ਘੜੀ 'ਚ ਲੁਧਿਆਣਾ ਸ਼ਹਿਰ ਦੀਆਂ ਵੱਖ-ਵੱਖ ਧਾਰਮਿਕ, ਸਮਾਜਿਕ, ਵਪਾਰਕ ਤੇ ਰਾਜਨੀਤਕ ਜਥੇਬੰਦੀਆਂ ਦੇ ਪ੍ਰਮੁੱਖ ਆਗੂਆਂ ਤੇ ਸ਼ਖ਼ਸੀਅਤਾਂ ਨੇ ਬਲਬੀਰ ਸਿੰਘ ਭਾਟੀਆ ਦੇ ਨਾਲ ਹਮਦਰਦੀ ਦਾ ਪ੍ਰਗਟਾਵਾ ਕੀਤਾ। ਇਸ ਦੌਰਾਨ ਪਰਮਜੀਤ ਕੌਰ ਮੋਗਾ ਦੀ ਮ੍ਰਿਤਕ ਦੇਹ ਦਾ ਸੰਸਕਾਰ ਮਾਡਲ ਟਾਊਨ ਐਕਸਟੈਨਸ਼ਨ ਦੇ ਸ਼ਮਸ਼ਾਨਘਾਟ ਵਿਖੇ ਦੇਰ ਸ਼ਾਮ ਕੀਤਾ। ਇਸ ਦੌਰਾਨ ਸ. ਭਾਟੀਆ ਨੇ ਦੱਸਿਆ ਕਿ ਪਰਮਜੀਤ ਕੌਰ ਮੋਗਾ ਦੀ ਆਤਮਿਕ ਸ਼ਾਂਤੀ ਦੇ ਲਈ ਦੀ ਰੱਖੇ ਗਏ ਪਾਠ ਦਾ ਭੋਗ ਤੇ ਅੰਤਿਮ ਅਰਦਾਸ ਸਮਾਗਮ 17 ਦਸੰਬਰ ਨੂੰ ਦੁਪਹਿਰ 12.30 ਤੋਂ 2 ਵਜੇ ਤੱਕ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਈ-ਬਲਾਕ, ਭਾਈ ਰਣਧੀਰ ਸਿੰਘ ਨਗਰ ਵਿਖੇ ਹੋਵੇਗਾ। ਇਸ ਮੌਕੇ ਅੰਮ੍ਰਿਤ ਸਾਗਰ ਕੰਪਨੀ ਦੇ ਪ੍ਰਮੁੱਖ ਬਲਬੀਰ ਸਿੰਘ ਭਾਟੀਆ, ਅਮਰਜੀਤ ਸਿੰਘ ਭਾਟੀਆ, ਰਘੁਬੀਰ ਸਿੰਘ ਮੋਗਾ, ਰਣਜੀਤ ਸਿੰਘ ਮੋਗਾ ਦੇ ਨਾਲ ਅਫ਼ਸੋਸ ਦਾ ਪ੍ਰਗਟਾਵਾ ਕਰਨ ਲਈ ਵੱਡੀ ਗਿਣਤੀ ਇਲਾਕੇ ਦੀਆਂ ਸੰਗਤਾਂ ਸਮੇਤ ਕਈ ਪ੍ਰਮੁੱਖ ਸ਼ਖ਼ਸੀਅਤਾਂ, ਜਿਨ੍ਹਾਂ 'ਚ ਇੰਦਰਜੀਤ ਸਿੰਘ ਮੱਕੜ ਪ੍ਰਧਾਨ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮਾਡ